ਦਫਤਰ: ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋਕ ਨਿਰਮਾਣ ਵਿਭਾਗ, ਭ ਤੇ ਮ ਸ਼ਾਖਾ, ਫਰੀਦਕੋਟ-151203

ਵੱਲ

Sri Chaitanya Techno School,
Arriyan Wala Faridkot.
ਨੰ:DB/ 3903

ਮਿਤੀ: 27.7.2026

ਵਿਸ਼ਾ: ਸਾਲ 2026-27 ਲਈ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ। ( Sri Chaitanya Techno School Arriyan Wala Road Faridkot)

ਉਪਰੋਕਤ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2026-27 ਲੈਣ ਲਈ ਆਪ ਵੱਲੋ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪ ਦੇ ਸਕੂਲ ਦੀ ਬਿਲਡਿੰਗ ਦਾ ਉਪ ਮੰਡਲ ਇੰਜੀਨੀਅਰ ਦੇ ਦਫਤਰ ਵੱਲੋ ਵਿਜ਼ੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2026-27 ਦਾ ਸਕੂਲ ਬਿਲਡਿੰਗ ਸੇਫਟੀ ਮਿਤੀ 31-03-2027 ਤੱਕ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਕੋਲ ਕਿਸੇ ਅਣਸੁਖਾਵੀ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆ ਨੂੰ ਬਿਲਡਿੰਗ ਵਿੱਚੋ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਿਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅਪਡੇਟ ਕਰਦੇ ਰਹਿਣਾ ਚਾਹੀਦਾ ਹੈ।
2. ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਨੂੰ ਤਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋ ਫਿਰ ਤੋਂ ਲਿਆ ਜਾਵੇ।
3. ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋ ਵਿੱਚ ਲਿਆ ਜਾਵੇ।
4. ਸਬੰਧਿਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਇਲੈਕੱਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
5. ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।
6. Garg Dream Design, Sangrur ਵੱਲੋ ਆਪਣੇ ਪੱਤਰ ਨੰਬਰ DG/0019/04/2026 ਮਿਤੀ 14.04.2026 ਨੂੰ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਹਨਾ ਦੇ ਸਰਟੀਫਿਕੇਟ ਅਨੁਸਾਰ ਸਕੂਲ ਸੈਸ਼ਨ 2026-27 ਲਈ ਵਰਤੋਂ ਲਈ ਸੁਰੱਖਿਅਤ ਹੈ, ਪਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਇਸ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ ਹੈ।
7. ਸਕੂਲ ਨੂੰ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ,ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਿਲ ਹਨ।
8. ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ ਜੀ.ਆਰ. ਨੰਬਰ 23803706 ਮਿਤੀ 08.06.2026 ਰਾਹੀ ਦਸ ਹਜ਼ਾਰ ਰੁਪਏ (10,000 /-) ਬਿਲਡਿੰਗ ਨਿਰੀਖਣ ਫੀਸ ਵੱਜੋਂ ਪ੍ਰਾਪਤ ਕੀਤੇ। ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 29.04.2029 ਤੱਕ ਵੈਲਿਡ ਹੈ ਅਤੇ ਸਕੂਲ ਪ੍ਰਬੰਧਨ ਸਮੇ ਸੀਮਾ ਅੰਦਰ ਫਾਇਰ ਸਰਟੀਫਿਕੇਟ ਰੀਨਿਊ ਕਰਵਾਉਣ ਲਈ ਜ਼ਿੰਮੇਵਾਰ ਹੋਵੇਗਾ।
9. ਇਸ ਪੱਤਰ/ਸਰਟੀਫਿਕੇਟ ਦਾ ਸਕੂਲ ਦੀ ਜਗ੍ਹਾ ਦੀ ਮਲਕੀਅਤ ਨਾਲ ਕੋਈ ਸਬੰਧ ਨਹੀ ਹੈ।
10. ਇਸ ਪੱਤਰ/ਸਰਟੀਫਿਕੇਟ ਦਾ ਸਕੂਲ ਦੇ ਪਲਾਟ ਏਰੀਏ ਦਾ ਕੋਈ ਸਬੰਧ ਨਹੀ ਹੈ।
11. ਇਸ ਮਨਜ਼ੂਰੀ ਦਾ ਸ਼ਡਿਊਲਡ ਰੋਡ ਐਕਟ ਨਾਲ ਕੋਈ ਸਬੰਧ ਨਹੀ ਹੈ।
12. ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀ ਹੈ।

ਨੱਥੀ/ ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਫਰੀਦਕੋਟ।
ਮਿਤੀ:

ਪਿੱਠ ਅੰਕਣ ਨੰ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਭ ਤੇ ਮ ਸ਼ਾਖਾ, ਫਰੀਦਕੋਟ ਨੂੰ ਉਨ੍ਹਾਂ ਦੇ ਪੱਤਰ ਨੰਬਰ 164 ਮਿਤੀ 17.06.2026 ਦੇ ਹਵਾਲੇ ਵਿੱਚ ਸੂਚਨਾ ਹਿਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਭਤੇਮ ਸ਼ਾਖਾ,
ਫਰੀਦਕੋਟ।